# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :16-09-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

ਕੇਂਦਰੀ ਸਿੱਧੇ ਟੈਕਸ ਬੋਰਡ ਨੇ ਮੁਲਾਂਕਣ ਸਾਲ 2025-26 ਲਈ ਆਮਦਨ ਟੈਕਸ ਰਿਟਰਨ ਭਰਨ ਦੀ ਆਖਰੀ ਤਰੀਕ ਇਕ ਦਿਨ ਵਧਾਉਣ ਦਾ ਫੈਸਲਾ ਕੀਤਾ ਏ । ਹੁਣ ਰਿਟਰਨ ਅੱਜ ਯਾਨੀ 16 ਸਤੰਬਰ ਰਾਤ 12 ਵਜੇ ਤੱਕ ਦਾਇਰ ਕੀਤੀਆਂ ਜਾ ਸਕਦੀਆਂ ਨੇ । ਆਮਦਨ ਕਰ ਵਿਭਾਗ ਨੇ ਇਹ ਜਾਣਕਾਰੀ ਕੱਲ੍ਹ ਦੇਰ ਰਾਤ ਇਕ ਸੋਸ਼ਲ ਮੀਡੀਆ ਪੋਸਟ ਵਿਚ ਦਿੱਤੀ। ਵਿਭਾਗ ਨੇ ਕਿਹਾ ਕਿ ਇਹ ਫੈਸਲਾ ਕੱਲ੍ਹ ਤਕਨੀਕੀ ਖਾਮੀਆਂ ਕਾਰਨ ਰਿਟਰਨ ਭਰਨ ਵਿੱਚ ਆਈਆਂ ਮੁਸ਼ਕਲਾਂ ਤੋਂ ਬਾਅਦ ਲਿਆ ਗਿਆ ਏ । ਆਮਦਨ ਕਰ ਰਿਟਰਨ ਭਰਨ ਦੀ ਆਖਰੀ ਤਰੀਕ ਅਸਲ ਵਿਚ 31 ਜੁਲਾਈ ਸੀ, ਜਿਸ ਨੂੰ ਵਧਾ ਕੇ 15 ਸਤੰਬਰ ਕਰ ਦਿੱਤਾ ਗਿਆ ਸੀ । ਵਿਭਾਗ ਨੇ ਕਿਹਾ ਸੀ ਕਿ ਮੁਲਾਂਕਣ ਸਾਲ

2025-26 ਲਈ 7 ਕਰੋੜ ਤੋਂ ਵੱਧ ਰਿਟਰਨ ਦਾਇਰ ਕਿਇਆਂ ਜਾ ਚੁਕੀਆਂ ਨੇ।

-----------------------------------------------------------

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵਿਕਾਸ ਕਾਰਜਾਂ ਦੀ ਨਿਗਰਾਨੀ ਲਈ ਪਿੰਡ ਪੱਧਰ 'ਤੇ ਨਿਗਰਾਨ ਕਮੇਟੀਆਂ ਦੇ ਗਠਨ ਦਾ ਐਲਾਨ ਕੀਤਾ। ਚੰਡੀਗੜ੍ਹ ਵਿਖੇ ਯੂਥ ਕਲੱਬਾਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਪੰਜਾਬ ਦੇ ਵਿਕਾਸ ਨੂੰ ਤੇਜ਼ ਕਰਨ ਲਈ ਕਈ ਪ੍ਰੋਜੈਕਟ ਸ਼ੁਰੂ ਕੀਤੇ ਨੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਟੈਕਸਦਾਤਾਵਾਂ ਦੇ ਪੈਸੇ ਦੀ ਸਰਬੋਤਮ ਵਰਤੋਂ ਨੂੰ ਯਕੀਨੀ ਬਣਾਉਣਾ ਸਮੇਂ ਦੀ ਲੋੜ ਏ, ਜਿਸ ਲਈ ਜਨਤਕ ਜਾਂਚ ਬਹੁਤ ਜ਼ਰੂਰੀ ਏ। ਉਹਨਾਂ ਕਿਹਾ ਕਿ ਵਿਕਾਸ ਕਾਰਜਾਂ ਦੀ ਨਿਗਰਾਨੀ ਕਰਨ ਤੇ ਉਨ੍ਹਾਂ ਦੇ ਸੁਚਾਰੂ ਤੇ ਪਾਰਦਰਸ਼ੀ ਅਮਲ ਨੂੰ ਯਕੀਨੀ ਬਣਾਉਣ ਲਈ ਪਿੰਡ ਪੱਧਰੀ ਨਿਗਰਾਨੀ ਕਮੇਟੀਆਂ ਬਣਾਈਆਂ ਜਾਣਗੀਆਂ।

-----------------------------------------------------------

ਪੰਜਾਬ ਦੇ ਮਾਲ, ਮੁੜ ਵਸੇਬਾ ਤੇ ਆਫ਼ਤ ਪ੍ਰਬੰਧਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ  ਕਿਹਾ ਏ ਕਿ ਰਾਜ ਭਰ ਵਿਚ ਹੜ੍ਹਾਂ ਦੀ ਸਥਿਤੀ ਵਿਚ ਸੁਧਾਰ ਹੋ ਰਿਹਾ ਏ। ਉਹਨਾਂ ਦੱਸਿਆ ਕਿ ਪ੍ਰਭਾਵਿਤ ਪਿੰਡਾਂ ਦੀ ਗਿਣਤੀ 2,472 ਚ ਕੋਈ ਬਦਲਾਅ ਨਹੀਂ ਆਇਆ ਜਦਕਿ ਪ੍ਰਭਾਵਿਤ ਆਬਾਦੀ 3,89,176 'ਤੇ ਸਥਿਰ ਰਹੀ। ਹਾਲਾਂਕਿ ਸਰਗਰਮ ਰਾਹਤ ਕੈਂਪਾਂ ਦੀ ਗਿਣਤੀ 24 ਘੰਟਿਆਂ ਦੇ ਅੰਦਰ 82 ਤੋਂ ਘਟ ਕੇ 66 ਹੋ ਗਈ ਏ , ਜਿਸ ਤੋਂ ਇਹ ਸੰਕੇਤ ਮਿਲਦਾ ਹੈ ਕਿ ਪਰਿਵਾਰ ਲਗਾਤਾਰ ਆਪਣੇ ਘਰਾਂ ਨੂੰ ਵਾਪਸ ਆ ਰਹੇ ਨੇ। ਮਾਲ ਮੰਤਰੀ ਨੇ ਅੱਗੇ ਦੱਸਿਆ ਕਿ ਜ਼ਮੀਨੀ ਸਥਿਤੀ ਵਿਚ ਸੁਧਾਰ ਦੇ ਮੱਦੇਨਜ਼ਰ ਐਨ.ਡੀ.ਆਰ.ਐਫ., ਐਸ.ਡੀ.ਆਰ.ਐਫ. ਅਤੇ ਫੌਜ ਦੀਆਂ ਟੀਮਾਂ ਦੀ ਤਾਇਨਾਤੀ ਨੂੰ ਵੀ ਤਰਕਸੰਗਤ ਬਣਾਇਆ ਗਿਆ ਏ। ਮੁੰਡੀਆਂ ਨੇ ਦੁਹਰਾਇਆ ਕਿ ਸੁਰੱਖਿਅਤ ਬਚਾਏ ਵਿਅਕਤੀਆਂ ਦੀ ਗਿਣਤੀ 23,340 ਰਹੀ ਜਦਕਿ ਫਸਲਾਂ ਦੇ ਨੁਕਸਾਨ ਵਾਲੇ ਖੇਤਰ ਦਾ ਵੀ ਵਿਸਤਾਰ ਨਹੀਂ ਹੋਇਆ ਤੇ ਇਹ 1,98,525 ਹੈਕਟੇਅਰ 'ਤੇ ਬਣਿਆ ਹੋਇਆ ਏ।

-----------------------------------------------------

ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਨੰਗਲ ਤੋਂ ਸੈਨੇਟਾਈਜ਼ਰ ਤੇ ਸਫਾਈ ਮੁਹਿੰਮ ਦੀ ਸ਼ੁਰੂਆਤ ਕੀਤੀ ਜੋ ਕਿ ਸਾਰੇ ਹੜ੍ਹ ਪ੍ਰਭਾਵਿਤ ਪਿੰਡਾਂ ਵਿਚ ਜਾਰੀ ਰਹੇਗੀ। ਇਲਾਕੇ ਵਿੱਚ ਕੀਟਾਣੂਨਾਸ਼ਕ ਛਿੜਕਣ ਲਈ ਟੈਂਟ ਅਤੇ ਸਪਰੇਅ ਪਹੁੰਚ ਗਏ ਨੇ  ਤੇ ਹੜ੍ਹ ਪ੍ਰਭਾਵਿਤ ਪਿੰਡਾਂ ਵਿਚ ਪਸ਼ੂਆਂ ਲਈ ਟੀਕੇ ਦੇ ਨਾਲ-ਨਾਲ ਡਾਕਟਰੀ ਸਹੂਲਤਾਂ ਵੀ ਉਪਲਬਧ ਕਰਵਾਈਆਂ ਜਾ ਰਹੀਆਂ ਨੇ। ਮੰਤਰੀ ਨੇ ਅੱਗੇ ਕਿਹਾ ਕਿ ਹਰ ਪਿੰਡ ਦੇ ਪੰਚ ਤੇ ਸਰਪੰਚ ਆਪੋ-ਆਪਣੀ ਗ੍ਰਾਮ ਪੰਚਾਇਤ ਵਿੱਚ ਸਫਾਈ ਮੁਹਿੰਮ ਸ਼ੁਰੂ ਕਰਨ। ਆਮ ਆਦਮੀ ਕਲੀਨਿਕ ਨਿਯਮਿਤ ਤੌਰ 'ਤੇ ਚੱਲ ਰਹੇ ਨੇ ਤੇ ਸਰਕਾਰੀ ਸਕੂਲ ਵੀ ਪੂਰੀ ਤਰ੍ਹਾਂ ਸਫਾਈ ਤੋਂ ਬਾਅਦ ਦੁਬਾਰਾ ਖੋਲ੍ਹ ਦਿੱਤੇ ਗਏ ਨੇ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ 'ਆਪ੍ਰੇਸ਼ਨ ਰਾਹਤ' ਨੂੰ ਅੱਗੇ ਜਾਰੀ ਰੱਖਣ ਦਾ ਫੈਸਲਾ ਕੀਤਾ ਗਿਆ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਹਰ ਹੜ੍ਹ ਪ੍ਰਭਾਵਿਤ ਪਰਿਵਾਰ ਤੱਕ ਮਦਦ ਪਹੁੰਚੇ।

---------------------------------------------------------

ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਦੱਸਿਆ ਏ ਕਿ ਪੰਜਾਬ ਦੇ ਕਰ ਵਿਭਾਗ ਨੇ 385 ਕਰੋੜ ਰੁਪਏ ਦੇ ਧੋਖਾਧੜੀ ਵਾਲੇ ਲੈਣ-ਦੇਣ ਵਿਚ ਸ਼ਾਮਿਲ ਇਕ ਵੱਡੇ ਜਾਅਲੀ ਬਿਲਿੰਗ ਘੁਟਾਲੇ ਦਾ ਪਰਦਾਫਾਸ਼ ਕੀਤਾ ਏ , ਜਿਸ ਵਿਚ ਸ਼ਾਮਲ 7 ਵਿਅਕਤੀਆਂ ਵਿਰੁੱਧ ਦੋ ਐਫ.ਆਈ.ਆਰ. ਦਰਜ ਕੀਤੀਆਂ ਨੇ, ਜਿਨਾਂ ਵਲੋਂ 69.57 ਕਰੋੜ ਰੁਪਏ ਦੀ ਟੈਕਸ ਚੋਰੀ ਕੀਤੀ ਗਈ ।

---------------------------------------------------------------------

ਫਾਜ਼ਿਲਕਾ ਪੁਲਿਸ ਨੇ ਸਰਹੱਦ ਪਾਰ ਹਥਿਆਰਾਂ ਦੀ ਤਸਕਰੀ ਮਾਡਿਊਲ ਦਾ ਪਰਦਾਫਾਸ਼ ਕਰਦਿਆਂ ਵਿਦੇਸ਼ੀ ਹੈਂਡਲਰਾਂ ਦੀ ਹਮਾਇਤ ਪ੍ਰਾਪਤ ਦੋ ਵਿਅਕਤੀਆਂ ਨੂੰ 5 ਵਿਦੇਸ਼ੀ ਪਿਸਤੌਲ ਅਤੇ 9 ਮੈਗਜ਼ੀਨ ਸਮੇਤ ਗ੍ਰਿਫਤਾਰ ਕੀਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਚੱਲਿਆ ਏ ਕਿ ਹਥਿਆਰ ਪਾਕਿਸਤਾਨ ਤੋਂ ਇੱਕ ਵਿਦੇਸ਼ੀ ਸੰਸਥਾ ਰਾਹੀਂ ਪੰਜਾਬ ਵਿੱਚ ਅਪਰਾਧਿਕ ਗਿਰੋਹਾਂ ਵਲੋਂ ਵਰਤੇ ਜਾਂਦੇ ਨੇ। ਗ੍ਰਿਫਤਾਰ ਕੀਤੇ ਗਏ ਮੁਲਜ਼ਮ ਸੁਰਿੰਦਰ ਸਿੰਘ ਅਤੇ ਗੁਰਪ੍ਰੀਤ, ਆਪਣੇ ਵਿਦੇਸ਼ੀ ਹੈਂਡਲਰਾਂ ਦੇ ਨਿਰਦੇਸ਼ਾਂ 'ਤੇ

ਅਪਰਾਧਿਕ ਸਮੂਹਾਂ ਦੇ ਜ਼ਮੀਨੀ ਸੰਚਾਲਕਾਂ ਨੂੰ ਇਹ ਹਥਿਆਰ ਪਹੁੰਚਾਉਣ ਦੀ ਕੋਸ਼ਿਸ਼ ਕਰ ਰਹੇ ਸਨ। ਫਾਜ਼ਿਲਕਾ ਦੇ ਥਾਣਾ ਸਦਰ ਵਿਖੇ ਆਰਮਜ਼ ਐਕਟ ਤਹਿਤ ਮਾਮਲਾ ਦਰਜ ਕੀਤਾ ਗਿਆ ਏ । ਇਸ ਮਾਮਲੇ ਵਿਚ ਅਗਲੇਰੀ ਜਾਂਚ ਜਾਰੀ ਏ ।

-----------------------------------------------------

ਮੁਹਾਲੀ ਪੁਲੀਸ ਨੇ ਨਸ਼ਾ ਤਸਕਰੀ ਕਰਨ ਵਾਲੇ ਨਾਈਜੀਰੀਅਨ ਨਾਗਰਿਕ ਨੂੰ 265 ਗ੍ਰਾਮ ਨਸ਼ੀਲੇ ਪਦਾਰਥ ਅਤੇ 2 ਲੱਖ ਰੁਪਏ ਡਰੱਗ ਮਨੀ ਸਮੇਤ ਗ੍ਰਿਫਤਾਰ ਕੀਤਾ ਏ । DIG ਹਰਚਰਨ ਸਿੰਘ ਭੁੱਲਰ ਨੇ ਮਿਲੀ ਸੂਹ ਦੇ ਅਧਾਰ ਤੇ ਕਾਰਵਾਈ ਕਰਦਿਆਂ ਮੁਲਜ਼ਮ ਨੂੰ ਜੀ.ਟੀ.ਬੀ. ਕਲੋਨੀ ਵਿਚ ਛਾਪਾ ਮਾਰ ਕੇ ਨਸ਼ੀਲੇ ਪਦਾਰਥ ਸਮੇਤ ਕਾਬੂ ਕੀਤਾ ਗਿਆ, ਜਿਸਦੇ ਖਿਲਾਫ ਜ਼ਿਲ੍ਹਾ ਐਸ.ਏ.ਐਸ.ਨਗਰ ਦਰਜ ਕੀਤਾ ਗਿਆ ਏ । ਇਸਦੀ ਪਛਾਣ ਅਗਸਟੀਨ ਓਕ-ਵੁਡਿਲ ਵਜੋਂ ਹੋਈ ਏ ।

-----------------------------------------------------

ਜਲੰਧਰ ਪ੍ਰਸ਼ਾਸਨ ਵਲੋਂ ਪਿੰਡ ਮੰਡਾਲਾ ਛੰਨਾ ਨੇੜੇ ਧੁੱਸੀ ਬੰਨ੍ਹ ਨੂੰ ਹੋਰ ਮਜ਼ਬੂਤ ਕਰਨ ਲਈ ਫੌਜ ਦੀ ਸਹਾਇਤਾ ਲਈ ਜਾਵੇਗੀ।

ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਤੇ ਹੋਰ ਅਧਿਕਾਰੀ ਧੁੱਸੀ ਬੰਨ੍ਹ ਨੂੰ ਮਜ਼ਬੂਤ ਕੀਤੇ ਜਾਣ ਵਾਲੀ ਥਾਂ 'ਤੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੀ ਅਗਵਾਈ ਵਿੱਚ ਕਰਵਾਏ ਜਾ ਰਹੇ ਕਾਰਜਾਂ ਦੀ ਨਿਗਰਾਨੀ ਕਰ ਰਹੇ ਨੇ । ਡਾ.ਅਗਰਵਾਲ ਲੇ ਦੱਸਿਆ ਕਿ ਸਾਰੀ ਸਥਿਤੀ ਨਿਗਰਾਨੀ ਹੇਠ ਹੈ ਅਤੇ ਆਰਮੀ ਦੇ ਤਾਇਨਾਤ ਹੋਣ ਨਾਲ ਵਾਧੂ ਮਨੁੱਖੀ ਸਾਧਨ ਅਤੇ ਤਕਨੀਕੀ ਮਦਦ ਮਿਲਣ ਨਾਲ ਚੱਲ ਰਹੇ ਯਤਨਾਂ ਨੂੰ ਹੋਰ ਉਤਸ਼ਾਹ ਮਿਲੇਗਾ। ਸੰਤ ਸੀਚੇਵਾਲ ਨੇ ਸਭ ਵਰਗਾਂ ਦੇ ਲੋਕਾਂ, ਪ੍ਰਸ਼ਾਸਨਿਕ ਅਧਿਕਾਰੀਆਂ ਤੇ ਕਰਮਚਾਰੀਆਂ ਵਲੋਂ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਹੁਣ ਫੌਜ ਵਲੋਂ ਸੰਤ ਸੀਚੇਵਾਲ ਅਤੇ ਡਾ. ਅਗਰਵਾਲ ਵਲੋਂ ਭਰੋਸਾ ਦਿੱਤਾ ਗਿਆ ਕਿ ਇਲਾਕੇ ਵਿੱਚ ਕਿਸੇ ਵੀ ਹੜ੍ਹਾਂ ਵਰਗੀ ਸਥਿਤੀ ਨੂੰ ਰੋਕਣ ਲਈ ਸਮੇਂ ਸਿਰ ਧੁੱਸੀ ਬੰਨ੍ਹ ਨੂੰ ਮਜ਼ਬੂਤ ਕਰ ਲਿਆ ਜਾਵੇਗਾ।

---------------------------------------------------------------

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 1 ਵੱਜ ਕੇ 40 ਮਿੰਟ 'ਤੇ ਨਮਸਕਾਰ !**